ਜ਼ਿਲ੍ਹਾ ਪ੍ਰੀਸ਼ਦਾਂ ਤੇ ਬਲਾਕ ਸਮਿਤੀ ਚੋਣਾਂ ਅਗਲੇ ਮਹੀਨੇ : ਰਾਜ ਕਮਲ ਚੌਧਰੀ

ਈ.ਵੀ.ਐਮ. ਦੀ ਥਾਂ ਬੈਲਟ ਪੇਪਰ ਵਰਤੇ ਜਾਣਗੇ : 1.30 ਕਰੋੜ ਪੇਂਡੂ ਵੋਟਰ, 354 ਪ੍ਰੀਸ਼ਦ ਮੈਂਬਰ ਤੇ 2960 ਸਮਿਤੀ ਮੈਂਬਰ ਚੁਣਨਗੇ

ਚੰਡੀਗੜ੍ਹ, 1 ਅਪ੍ਰੈਲ (ਜੀ.ਸੀ. ਭਾਰਦਵਾਜ): ਲਗਭਗ 6 ਮਹੀਨੇ ਪਹਿਲਾਂ ਪੰਜਾਬ ਵਿਚ 13241 ਗ੍ਰਾਮ ਪੰਚਾਇਤਾਂ ਦੀਆਂ ਚੋਣਾਂ ਮੁਕਣ ਉਪਰੰਤ ਸਰਕਾਰ ਤੇ ਬਲਾਕ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾਂ ਦੀਆਂ ਚੋਣਾਂ ਕਰਵਾਉਣ ਦਾ ਦਬਾਅ ਦਿਨੋਂ ਦਿਨ ਵਧਦਾ ਜਾ ਰਿਹਾ ਸੀ ਅਤੇ ਕਈ ਤਰ੍ਹਾਂ ਦੇ ਅਦਾਲਤੀ ਕੇਸਾਂ ਦਾ ਫ਼ੈਸਲਾ ਸੁਣਾਉਂਦੇ ਹੋਏ ਹਾਈ ਕੋਰਟ ਨੇ 31 ਮਈ ਤੋਂ ਪਹਿਲਾਂ ਇਹ ਚੋਣਾਂ ਕਰਵਾਉਣ ਲਈ ਕਹਿ ਦਿਤਾ ਸੀ। ਅੱਜ ਇਥੇ ਰੋਜ਼ਾਨਾ ਸਪੋਕਸਮੈਨ ਨਾਲ ਗੱਲਬਾਤ ਕਰਦੇ ਹੋਏ ਪੰਜਾਬ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦਸਿਆ ਕਿ ਨਵੰਬਰ-ਦਸੰਬਰ ਮਹੀਨੇ ਤਿਉਹਾਰਾਂ ਕਾਰਨ ਅਤੇ ਫ਼ਰਵਰੀ-ਮਾਰਚ ਦੌਰਾਨ ਸਕੂਲੀ ਅਤੇ ਅਪ੍ਰੈਲ ਵਿਚ ਕਾਲਜ ਵਿਦਿਆਰਥੀਆਂ ਦੇ ਇਮਤਿਹਾਨ ਹੋਣ ਕਾਰਨ ਇਹ ਚੋਣਾਂ ਹੁਣ ਮਈ ਮਹੀਨੇ ਹੀ ਕਰਵਾਈਆਂ ਜਾ ਸਕਦੀਆਂ ਹਨ। ਚੋਣ ਕਮਿਸ਼ਨਰ ਨੇ ਇਹ ਵੀ ਦਸਿਆ ਕਿ ਪੰਚਾਇਤੀ ਰਾਜ ਤੇ ਪੇਂਡੂ ਵਿਕਾਸ ਵਿਭਾਗ ਨੇ ਹੀ ਇਸ ਬਾਰੇ ਪੂਰੇ ਵੇਰਵੇ ਤਿਆਰ ਕਰਨੇ ਹਨ ਜਿਨ੍ਹਾਂ ਦੇ ਆਧਾਰ 'ਤੇ ਇਨ੍ਹਾਂ ਚੋਣਾਂ ਦੀ ਪੂਰੀ ਤਿਆਰੀ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪੰਜਾਬ ਦੇ 23 ਜ਼ਿਲ੍ਹਿਆਂ ਵਿਚ ਇਕ ਇਕ ਜ਼ਿਲ੍ਹਾ ਪ੍ਰੀਸ਼ਦ ਅਤੇ 159 ਬਲਾਕਾਂ ਵਿਚ ਇਕ ਇਕ ਬਲਾਕ ਸੰਮਤੀ ਜਾਂ ਪੰਚਾਇਤ ਸੰਮਤੀ ਹੁੰਦੀ ਹੈ। ਕੁਲ 23 ਜ਼ਿਲ੍ਹਾ ਪ੍ਰੀਸ਼ਦਾਂ ਦੇ ਕੁਲ 354 ਮੈਂਬਰ ਅਤੇ 159 ਬਲਾਕਾਂ ਦੇ ਕੁਲ 2960 ਮੈਂਬਰ ਚੁਣੇ ਜਾਣੇ ਹਨ। ਇਨ੍ਹਾਂ ਚੋਣਾਂ ਵਿਚ ਪੰਜਾਬ ਦੇ 1,30,00,000 ਯਾਨੀ 1.30 ਕਰੋੜ ਤੋਂ ਵੱਧ ਪੇਂਡੂ ਵੋਟਰ ਹੀ ਹਿੱਸਾ ਲੈਣਗੇ। ਹਰ ਇਕ ਬਲਾਕ ਸੰਮਤੀ ਦੇ ਮੈਂਬਰਾਂ ਦੀ ਚੋਣ ਉਪਰੰਤ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਚੋਣ ਇਸ ਸੰਮਤੀ ਦੇ ਮੈਂਬਰਾਂ ਵਲੋਂ ਕੀਤੀ ਜਾਵੇਗੀ ਅਤੇ ਇਸੇ ਤਰ੍ਹਾਂ ਜ਼ਿਲ੍ਹਾ ਪ੍ਰੀਸ਼ਦਾਂ ਦੇ ਪ੍ਰਧਾਨ ਅਤੇ ਉਪ ਪ੍ਰਧਾਨ ਵੀ ਉਸੇ ਪ੍ਰੀਸ਼ਦ ਦੇ ਮੈਂਬਰ ਕਰਨਗੇ। ਇਥੇ ਇਹ ਦਸਣਾ ਵੀ ਜ਼ਰੂਰੀ ਹੈ ਕਿ ਇਹ ਚੋਣਾਂ ਸਿਆਸੀ ਪਾਰਟੀਆਂ ਦੇ ਚੋਣ ਨਿਸ਼ਾਨ ਦੇ ਆਧਾਰ 'ਤੇ ਲੜੀਆਂ ਜਾਂਦੀਆਂ ਹਨ ਜਿਸ ਵਿਚ ਖੇਤਰੀ ਪਾਰਟੀਆਂ ਤੇ ਨੈਸ਼ਨਲ ਪਾਰਟੀਆਂ ਹਿੱਸਾ ਲੈਂਦੀਆਂ ਹਨ। ਇਨ੍ਹਾਂ ਵਿਚ ਸ਼੍ਰੋਮਣੀ ਅਕਾਲੀ ਦਲ, ਬੀਜੇਪੀ, 'ਆਪ', ਕਾਂਗਰਸ, ਬੀ.ਐਸ.ਪੀ., ਖੱਬੇ ਪੱਖੀ ਕਮਿਉਨਿਸਟ ਪਾਰਟੀਆਂ ਸ਼ਾਮਲ ਹਨ। ਇਨ੍ਹਾਂ ਚੋਣਾਂ ਵਿਚ ਈ.ਵੀ.ਐਮ. ਦੀ ਥਾਂ ਕਾਗ਼ਜ਼ ਦੇ ਬੈਲਟ ਪੇਪਰ ਵਰਤੇ ਜਾਣਗੇ ਜਿਨ੍ਹਾਂ ਦਾ ਰੰਗ ਗੁਲਾਬੀ ਤੇ ਚਿੱਟਾ ਹੋਵੇਗਾ। ਇਸ ਤੋਂ ਪਹਿਲਾਂ ਪੰਚਾਇਤ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਸਤੰਬਰ 2018 ਵਿਚ ਹੋਈਆਂ ਸਨ ਅਤੇ 5 ਸਾਲ ਦੀ ਮਿਆਦ 2023 ਵਿਚ ਪੂਰੀ ਹੋ ਚੁੱਕੀ ਹੈ।

ਪਾਸਟਰ ਬਜਿੰਦਰ ਕੇਸ 'ਚ ਅਦਾਲਤ ਦੇ ਫ਼ੈਸਲੇ ਦਾ ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਕੀਤਾ ਸਵਾਗਤ

ਚੰਡੀਗੜ੍ਹ, 1 ਅਪ੍ਰੈਲ : ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅਦਾਲਤ ਵਲੋਂ ਜ਼ੀਰਕਪੁਰ ਬਲਾਤਕਾਰ ਮਾਮਲੇ ਵਿਚ ਪਾਸਟਰ ਬਜਿੰਦਰ ਨੂੰ ਮੌਤ ਤਕ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਇਸ ਨੂੰ ਔਰਤਾਂ ਨੂੰ ਇਨਸਾਫ਼ ਦਿਵਾਉਣ ਦੀ ਦਿਸ਼ਾ ਵਿਚ ਇਕ ਅਹਿਮ ਕਦਮ ਦਸਿਆ ਹੈ। ਚੇਅਰਪਰਸਨ ਨੇ ਕਿਹਾ ਕਿ ਇਹ ਫ਼ੈਸਲਾ ਇਹ ਸੰਦੇਸ਼ ਦਿੰਦਾ ਹੈ ਕਿ ਔਰਤਾਂ ਵਿਰੁਧ ਅਪਰਾਧਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਾਨੂੰਨ ਰਾਹੀਂ ਨਿਆਂ ਨੂੰ ਯਕੀਨੀ ਬਣਾਇਆ ਜਾਵੇਗਾ।

ਪੰਜਾਬ ਪੁਲਿਸ ਨੇ ਰਾਜ ਭਰ ਦੇ 147 ਰੇਲਵੇ ਸਟੇਸ਼ਨਾਂ 'ਤੇ ਚਲਾਇਆ ਤਲਾਸ਼ੀ ਅਭਿਆਨ

ਨਸ਼ਿਆਂ ਵਿਰੁਧ ਮੁਹਿੰਮ ਦੇ 32ਵੇਂ ਦਿਨ ਸੂਬੇ ਭਰ 'ਚ 490 ਛਾਪੇਮਾਰੀਆਂ ਤੋਂ ਬਾਅਦ 40 ਨਸ਼ਾ ਤਸਕਰ ਗ੍ਰਿਫ਼ਤਾਰ

ਚੰਡੀਗੜ੍ਹ, 1 ਅਪ੍ਰੈਲ : ਸੂਬੇ 'ਚੋਂ ਨਸ਼ੇ ਦੀ ਲਾਹਣਤ ਦੇ ਮੁਕੰਮਲ ਖ਼ਾਤਮੇ ਲਈ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ 32ਵੇਂ ਜਾਰੀ ਰੱਖਦੇ ਹੋਏ, ਪੰਜਾਬ ਪੁਲਿਸ ਨੇ ਮੰਗਲਵਾਰ ਨੂੰ ਸੂਬੇ ਭਰ ਦੇ ਸਾਰੇ ਰੇਲਵੇ ਸਟੇਸ਼ਨਾਂ 'ਤੇ ਘੇਰਾਬੰਦੀ ਅਤੇ ਤਲਾਸ਼ੀ ਅਭਿਆਨ (ਕਾਸੋ) ਚਲਾਇਆ। ਡੀਜੀਪੀ ਪੰਜਾਬ, ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਇਹ ਆਪ੍ਰੇਸ਼ਨ ਸਾਰੇ 28 ਪੁਲਿਸ ਜ਼ਿਲ੍ਹਿਆਂ 'ਚ ਚਲਾਇਆ ਗਿਆ।

ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਸਪੈਸ਼ਲ ਡੀਜੀਪੀ) ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ, ਜੋ ਇਸ ਸੂਬਾ ਪੱਧਰੀ ਆਪ੍ਰੇਸ਼ਨ ਦੀ ਨਿਜੀ ਤੌਰ 'ਤੇ ਨਿਗਰਾਨੀ ਕਰ ਰਹੇ ਸਨ, ਨੇ ਕਿਹਾ ਕਿ ਇਸ ਆਪ੍ਰੇਸ਼ਨ ਨੂੰ ਸਫ਼ਲ ਬਣਾਉਣ ਲਈ, ਸਾਰੇ ਸੀਪੀਜ਼/ਐਸਐਸਪੀਜ਼ ਨੂੰ, ਐਸ.ਪੀ. ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਭਾਰੀ ਪੁਲਿਸ ਫੋਰਸ ਤਾਇਨਾਤ ਕਰਨ ਲਈ ਕਿਹਾ ਗਿਆ ਸੀ। ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਦੌਰਾਨ ਸੂਬੇ ਦੇ ਲਗਭਗ 147 ਰੇਲਵੇ ਸਟੇਸ਼ਨਾਂ 'ਤੇ ਕਰੀਬ 1925 ਲੋਕਾਂ ਦੀ ਚੈਕਿੰਗ ਕੀਤੀ ਗਈ। ਉਨ੍ਹਾਂ ਅੱਗੇ ਦਸਿਆ ਕਿ ਆਪ੍ਰੇਸ਼ਨ ਦੌਰਾਨ ਛੇ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ 'ਚ ਲਿਆ ਗਿਆ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁਧ ਆਪਣੀ ਮੁਹਿੰਮ ਜਾਰੀ ਰੱਖਦਿਆਂ ਮੰਗਲਵਾਰ ਨੂੰ 490 ਥਾਵਾਂ 'ਤੇ ਛਾਪੇਮਾਰੀ ਕੀਤੀ , ਜਿਸ ਦੌਰਾਨ ਸੂਬੇ ਭਰ 'ਚ 40 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ 28 ਐਫ਼ਆਈਆਰਜ਼ ਦਰਜ ਕੀਤੀਆਂ ਗਈਆਂ। ਇਸ ਦੇ ਨਾਲ, ਮਹਿਜ਼ 32 ਦਿਨਾਂ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 4690 ਹੋ ਗਈ ਹੈ।

ਸਪੈਸ਼ਲ ਡੀਜੀਪੀ ਨੇ ਦਸਿਆ ਕਿ ਛਾਪੇਮਾਰੀ ਦੌਰਾਨ ਫੜੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ 'ਚੋਂ 320.5 ਗ੍ਰਾਮ ਹੈਰੋਇਨ, 500 ਗ੍ਰਾਮ ਅਫੀਮ, 1422 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 7978 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ।

ਨਸ਼ਾ ਤਸਕਰਾਂ ਵਿਰੁਧ ਬੁਲਡੋਜ਼ਰ ਕਾਰਵਾਈ ਨੂੰ ਰੋਕਣ ਲਈ ਪਟੀਸ਼ਨ ਦੀ ਸੁਣਵਾਈ ਅੱਗੇ ਪਈ

ਪਟੀਸ਼ਨ 'ਚ ਕਿਹਾ, ਗ਼ਲਤ ਤਰੀਕੇ ਨਾਲ ਬਣਾਈ ਜਾਇਦਾਦ ਜ਼ਬਤ ਕੀਤੀ ਜਾ ਸਕਦੀ ਹੈ ਢਾਹੀ ਨਹੀਂ

ਚੰਡੀਗੜ੍ਹ, 1 ਅਪ੍ਰੈਲ (ਸੁਰਜੀਤ ਸਿੰਘ ਸੱਤੀ) : ਪੰਜਾਬ ਸਰਕਾਰ ਵਲੋਂ ਨਸ਼ਾ ਤਸਕਰਾਂ ਦੀਆਂ ਗ਼ਲਤ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਉਣ ਦੀ ਕਾਰਵਾਈ ਵਿਰੁਧ ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਦਾਖ਼ਲ ਲੋਕਹਿਤ ਪਟੀਸ਼ਨ 'ਤੇ ਸੁਣਵਾਈ ਅੱਗੇ ਪੈ ਗਈ ਹੈ। ਪਟੀਸ਼ਨ ਦੂਜੇ ਬੈਂਚ ਕੋਲ ਸੁਣਵਾਈ ਲਈ ਆਈ ਪਰ ਇਸ ਦੀ ਸੁਣਵਾਈ ਚੀਫ਼ ਜਸਟਿਸ ਦੇ ਬੈਂਚ ਮੁਹਰੇ ਹੀ ਹੋਣ ਦੀ ਗੱਲ ਕਹਿੰਦਿਆਂ ਸੁਣਵਾਈ ਅੱਗੇ ਪਾ ਦਿਤੀ ਗਈ। ਪੀਪਲਜ਼ ਵੈਲਫ਼ੇਅਰ ਸੁਸਾਇਟੀ ਦੇ ਕੰਵਰ ਪਾਹੁਲ ਸਿੰਘ ਨੇ ਪਟੀਸ਼ਨ 'ਚ ਕਿਹਾ ਕਿ ਐਨਡੀਪੀਐਸ ਐਕਟ ਕਹਿੰਦਾ ਹੈ ਕਿ ਨਸ਼ਾ ਤਸਕਰੀ ਕਰ ਕੇ ਗ਼ਲਤ ਤਰੀਕੇ ਨਾਲ ਬਣਾਈ ਜਾਇਦਾਦ ਨੂੰ ਸਰਕਾਰ ਜ਼ਬਤ ਕਰ ਸਕਦੀ ਹੈ ਨਾ ਕਿ ਅਜਿਹੀ ਜਾਇਦਾਦ ਨੂੰ ਢਾਹਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜ਼ਬਤ ਕੀਤੀ ਜਾਇਦਾਦ ਦੇ ਬਣੇ ਹੋਏ ਢਾਂਚੇ ਨੂੰ ਨਿਲਾਮ ਕਰ ਕੇ ਸਰਕਾਰ ਵਧੇਰੇ ਪੈਸੇ ਹਾਸਲ ਕਰ ਸਕਦੀ ਹੈ ਜਦੋਂਕਿ ਢਾਂਚਾ ਢਾਹ ਕੇ ਖ਼ਾਲੀ ਹੋਏ ਪਲਾਟ ਤੋਂ ਘੱਟ ਮਾਲੀਆ ਆਵੇਗਾ। ਪਟੀਸ਼ਨ 'ਚ ਦੋਸ਼ ਲਗਾਇਆ ਹੈ ਕਿ ਲੁਧਿਆਣਾ ਵਿਖੇ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਢਾਹੁਣ ਵਿਚ ਸੁਪਰੀਮ ਕੋਰਟ ਵਲੋਂ 'ਬੁਲਡੋਜਰ' ਮਾਮਲੇ 'ਚ ਦਿਤੇ ਗਏ ਫ਼ੈਸਲੇ ਵਿਚਲੀਆਂ ਹਦਾਇਤਾਂ ਦੀ ਪਾਲਣਾ ਨਹੀਂ ਹੋਈ। ਪਟੀਸ਼ਨ 'ਚ ਨਸ਼ਾ ਤਸਕਰਾਂ ਦੀਆਂ ਗ਼ਲਤ ਢੰਗ ਨਾਲ ਬਣਾਈਆਂ ਜਾਇਦਾਦਾਂ 'ਤੇ ਕਾਰਵਾਈ 'ਚ ਨਿਯਮਾਂ ਤੇ ਸੁਪਰੀਮ ਕੋਰਟ ਦੇ ਹੁਕਮ ਦੀ ਪਾਲਣਾ ਨੂੰ ਯਕੀਨੀ ਬਨਾਉਣ ਦੀ ਮੰਗ ਕੀਤੀ ਗਈ ਹੈ।

ਅਬੋਹਰ 'ਚ ਚਾਰ ਕੁਇੰਟਲ ਭੁੱਕੀ ਤੇ ਕਾਰ ਬਰਾਮਦ, ਮੁਲਜ਼ਮ ਫ਼ਰਾਰ

ਅਬੋਹਰ, 1 ਅਪ੍ਰੈਲ (ਕੁਲਦੀਪ ਸਿੰਘ ਸੰਧੂ) : ਪੰਜਾਬ ਸਰਕਾਰ ਵਲੋਂ ਚਲਾਈ ਗਈ ਨਸ਼ਾ ਵਿਰੋਧੀ ਮੁਹਿੰਮ ਤਹਿਤ ਥਾਣਾ ਨੰਬਰ 2 ਅਬੋਹਰ ਪੁਲਿਸ ਨੂੰ ਬੀਤੀ ਰਾਤ ਉਸ ਸਮੇਂ ਵੱਡੀ ਸਫ਼ਲਤਾ ਮਿਲੀ ਜਦੋਂ ਉਨ੍ਹਾਂ ਨੇ ਲਗਭਗ 4 ਕੁਇੰਟਲ ਭੁੱਕੀ ਬਰਾਮਦ ਕੀਤੀ। ਉੱਥੋਂ ਇਕ ਕਾਰ ਵੀ ਬਰਾਮਦ ਹੋਈ ਜਿਸ 'ਚ ਤਸਕਰ ਭੁੱਕੀ ਲਿਜਾਣ ਦੀ ਤਿਆਰੀ ਕਰ ਰਹੇ ਸਨ ਪਰ ਪੁਲਿਸ ਦੀ ਛਾਪੇਮਾਰੀ ਦੇਖ ਕੇ ਮੌਕੇ ਤੋਂ ਭੱਜ ਗਏ। ਪੁਲਿਸ ਨੇ ਕਾਰ ਅਤੇ ਭੁੱਕੀ ਨੂੰ ਜ਼ਬਤ ਕਰ ਲਿਆ ਹੈ ਅਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਜਾਣਕਾਰੀ ਅਨੁਸਾਰ ਬੀਤੀ ਰਾਤ ਸਿਟੀ 2 ਦੇ ਇੰਚਾਰਜ ਪ੍ਰੇਮਿਲਾ ਨੂੰ ਸੂਚਨਾ ਮਿਲੀ ਕਿ ਦੋ ਦੋਸ਼ੀ ਜੋ ਭੁੱਕੀ ਵੇਚਣ ਦੇ ਆਦੀ ਹਨ, ਅਬੋਹਰ ਬਾਈਪਾਸ 'ਤੇ ਸੈਲੀਬ੍ਰੇਸ਼ਨ ਪੈਲੇਸ ਦੇ ਪਿੱਛੇ ਪਈ ਵੱਡੀ ਮਾਤਰਾ 'ਚ ਭੁੱਕੀ ਵੇਚਣ ਦੀ ਕੋਸ਼ਿਸ਼ ਕਰ ਰਹੇ ਹਨ। ਜਦੋਂ ਪੁਲਿਸ ਟੀਮ ਨੇ ਮੌਕੇ 'ਤੇ ਛਾਪਾ ਮਾਰਿਆ ਤਾਂ ਉੱਥੋਂ 400 ਕਿਲੋ ਭੁੱਕੀ ਅਤੇ ਦਿੱਲੀ ਨੰਬਰ ਪਲੇਟ ਵਾਲੀ ਇਕ ਕਾਰ ਹੌਂਡਾ ਸਿਟੀ ਬਰਾਮਦ ਹੋਈ। ਪੁਲਿਸ ਨੇ ਕਾਰ ਦੇ ਆਧਾਰ 'ਤੇ ਜਾਂਚ ਕਰਨ ਤੋਂ ਬਾਅਦ ਮਾਮਲਾ ਦਰਜ ਕਰ ਕੇ ਰਾਜਨੂ ਵਾਸੀ ਵਰਿਆਮ ਨਗਰ ਅਬੋਹਰ ਤੇ ਪ੍ਰਮੋਦ ਕੁਮਾਰ ਵਾਸੀ ਫਾਜ਼ਿਲਕਾ ਦੀ ਭਾਲ ਸ਼ੁਰੂ ਕਰ ਦਿਤੀ ਹੈ।

ਪੰਜਾਬ ਮਹਿਲਾ ਕਮਿਸ਼ਨ ਨੇ ਪਟਿਆਲਾ 'ਚ 12 ਸਾਲਾ ਨਾਬਾਲਗ਼ ਨਾਲ ਹੋਏ ਘਿਨੌਣੇ ਅਪਰਾਧ ਦੇ ਮਾਮਲੇ 'ਚ ਰਿਪੋਰਟ ਤਲਬ ਕੀਤੀ

ਚੰਡੀਗੜ੍ਹ, 1 ਅਪ੍ਰੈਲ (ਸਸਸ) : ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਮੀਡੀਆ ਰਿਪੋਰਟ ਮੁਤਾਬਕ ਪਟਿਆਲਾ 'ਚ 12 ਸਾਲਾ ਲੜਕੀ ਨਾਲ ਹੋਏ ਘਿਨੌਣੇ ਅਪਰਾਧ ਦੀ ਸਖ਼ਤ ਨੋਟਿਸ ਲਿਆ ਹੈ। ਉਨ੍ਹਾਂ ਇਸ ਘਟਨਾ 'ਤੇ ਡੂੰਘੀ ਅਸੰਤੁਸ਼ਟੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਉਹ ਇਸ ਦੁੱਖ ਦੀ ਘੜੀ ਵਿਚ ਪੀੜਤ ਅਤੇ ਉਸਦੇ ਪਰਵਾਰ ਦੇ ਨਾਲ ਖੜੀ ਹੈ। ਰਿਪੋਰਟਾਂ ਮੁਤਾਬਕ, ਇਕ ਆਟੋ ਚਾਲਕ ਨੂੰ ਇਕ ਨਾਬਾਲਗ਼ ਦਾ ਜਿਨਸੀ ਸ਼ੋਸ਼ਣ ਕਰਨ ਅਤੇ ਗਰਭਵਤੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸ ਵਿਰੁਧ ਭਾਰਤੀ ਨਿਆ ਸੰਹਿਤਾ ਦੀ ਧਾਰਾ 65(2) ਅਤੇ 68 ਅਤੇ ਜਿਨਸੀ ਅਪਰਾਧਾਂ ਤੋਂ ਬੱਚਿਆਂ ਦੀ ਸੁਰੱਖਿਆ (ਪੋਕਸੋ) ਐਕਟ ਦੀ ਧਾਰਾ 6 ਤਹਿਤ ਐਫ਼.ਆਈ.ਆਰ. ਦਰਜ ਕੀਤੀ ਗਈ ਹੈ। ਕਮਿਸ਼ਨ ਨੇ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨੂੰ ਤੁਰਤ ਅਤੇ ਮੁਕੰਮਲ ਜਾਂਚ ਨੂੰ ਯਕੀਨੀ ਬਣਾਉਣ ਲਈ ਕਿਹਾ ਹੈ । ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਇਸ ਮਾਮਲੇ ਦਾ ਸਖ਼ਤ ਨੋਟਿਸ ਲੈਂਦਿਆਂ ਸਬੰਧਤ ਅਧਿਕਾਰੀਆਂ ਤੋਂ ਵਿਸਥਾਰਤ ਰਿਪੋਰਟ ਦੀ ਮੰਗੀ ਹੈ। ਚੇਅਰਪਰਸਨ ਨੇ ਕਿਹਾ, 'ਇਹ ਬੱਚਿਆਂ ਦੇ ਅਧਿਕਾਰਾਂ ਦੀ ਘੋਰ ਉਲੰਘਣਾ ਹੈ ਅਤੇ ਇਕ ਘਿਨੌਣਾ ਅਪਰਾਧ ਹੈ ਜਿਸ ਨੂੰ ਸਾਡੇ ਸਮਾਜ ਵਿਚ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਹੈ।

ਇਕ ਨਜ਼ਰ

ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਦੀ ਹੁਣ ਖੈਰ ਨਹੀਂ : ਤਰੁਨਪ੍ਰੀਤ ਸਿੰਘ ਸੌਂਦ

ਚੰਡੀਗੜ੍ਹ/ਬਰਨਾਲਾ, 1 ਅਪ੍ਰੈਲ (ਵਿਕਾਸ ਗੋਇਲ): ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਅਧੀਨ ਅੱਜ ਪੇਂਡੂ ਵਿਕਾਸ ਤੇ ਪੰਚਾਇਤ, ਉਦਯੋਗ ਤੇ ਵਣਜ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਬਰਨਾਲਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਜ਼ਿਲ੍ਹੇ ਦੇ ਸਿਵਲ, ਪੁਲਿਸ ਪ੍ਰਸ਼ਾਸਨ ਤੇ ਵਿਭਾਗੀ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਦਾ ਘਾਣ ਕਰਨ ਵਾਲੇ ਨਸ਼ਾ ਤਸਕਰਾਂ ਲਈ ਹੁਣ ਪੰਜਾਬ ਵਿੱਚ ਕੋਈ ਥਾਂ ਨਹੀਂ ਹੈ। ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਨਸ਼ਿਆਂ ਦੇ ਕੋਹੜ ਦਾ ਖਾਤਮਾ ਕਰਨ ਲਈ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਇਹ ਵਿਆਪਕ ਮੁਹਿੰਮ ਜਾਰੀ ਰੱਖੀ ਜਾਵੇ। ਇਸ ਮੌਕੇ ਸਾਰੇ ਵਿਭਾਗਾਂ ਨੇ ਆਪਣੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।

ਸਰਕਾਰ ਨੇ ਮਜੀਠੀਆ ਦੀ ਜ਼ੈੱਡ ਪਲਸ ਸੁਰੱ